੦੨੦

ਅਕਾਲ ਪੁਰਖ

(ਲੇਖਕ: ਭਾਈ ਜੋਧ ਸਿੰਘ)

ਜੋ ਹਸਤੀ ਸਾਰੇ ਦਿੱਸਦੇ ਅਤੇ ਅਣਦਿੱਸਦੇ ਸੰਸਾਰ ਨੂੰ ਹੋਂਦ ਵਿੱਚ ਲਿਆਉਣ ਵਾਲੀ ਹੈ, ਉਸਦਾ ਨਾਮ ਅਕਾਲ ਪੁਰਖ ਹੈ। ਗੁਰੂ ਨਾਨਕ ਦੇਵ ਜੀ ਨੇ ਉਸਦਾ ਸਰੂਪ ਇੰਜ ਦਰਸਾਇਆ ਹੈ:

– ੧ਓ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥ (੧)

ਉਹ ਹਸਤੀ ਕੇਵਲ ਇੱਕ ਹੈ, ਸਦਾ ਰਹਿਣ ਵਾਲੀ ਹੈ ਅਤੇ ਸਭ ਵਸਤਾਂ ਵਿੱਚ ਵਿਆਪਕ ਹੋ ਕੇ ਸਭ ਨੂੰ ਧਾਰਨ ਵਾਲੀ ਹੈ। ਸਾਰੀਆਂ ਵਸਤਾਂ ਨੂੰ ਉਪਜਾਉਣ ਵਾਲੀ ਹੈ ਅਤੇ ਆਪਣੀ ਸ੍ਰਿਸ਼ਟੀ ਵਿੱਚ ਵਿਆਪਕ ਹੈ। ਬਿਨਾਂ ਡਰ ਤੇ ਬਿਨਾਂ ਵੈਰ ਦੇ ਹੈ। ਉਸ ਹਸਤੀ ਉਤੇ ਸਮੇਂ ਦਾ ਅਸਰ ਨਹੀਂ। ਜਨਮ ਮਰਨ ਤੋਂ ਰਹਿਤ ਹੈ। ਉਸਦਾ ਪ੍ਰਕਾਸ਼ ਆਪਣੇ ਆਪ ਤੋਂ ਹੀ ਹੈ ਅਤੇ ਗੁਰੂ ਦੀ ਕਿਰਪਾ ਦੁਆਰਾ ਜਾਣੀ ਜਾਂਦੀ ਹੈ।

ਇਨ੍ਹਾਂ ਗੁਣਾਂ ਦੀ ਵਿਆਖਿਆ ਗੁਰਬਾਣੀ ਵਿੱਚ ਚੰਗੀ ਤਰ੍ਹਾਂ ਖੋਲ੍ਹ ਕੇ ਕੀਤੀ ਗਈ ਹੈ। ਸੰਸਾਰ ਦੀ ਉਤਪਤੀ ਬਾਰੇ ਸੰਸਾਰ ਦੇ ਵਿਦਵਾਨਾਂ ਦੀਆਂ ਵੱਖ-ਵੱਖ ਰਾਵਾਂ ਹਨ ਪਰ ਸਤਿਗੁਰੂ ਕੇਵਲ ਇੱਕੋ ਹਸਤੀ ਨੂੰ ਅਨਾਦਿ ਤੇ ਸਾਰੀ ਉਤਪਤੀ ਦਾ ਆਦਿ ਕਾਰਨ ਮੰਨਦੇ ਹਨ।

– ਏਕਮ ਏਕੰਕਾਰੁ ਨਿਰਾਲਾ॥ ਅਮਰੁ ਅਜੋਨੀ ਜਾਤਿ ਨ ਜਾਲਾ॥
ਅਗਮ ਅਗੋਚਰੁ ਰੂਪੁ ਨ ਰੇਖਿਆ॥ ਖੋਜਤ ਖੋਜਤ ਘਟਿ ਘਟਿ ਦੇਖਿਆ॥ (੮੩੮)

– ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂੰ॥ ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ॥ਪਉੜੀ॥
ਤੂੰ ਆਪੇ ਆਪਿ ਵਰਤਦਾ ਆਪਿ ਬਣਤ ਬਣਾਈ॥ ਤੁਧੁ ਬਿਨੁ ਦੂਜਾ ਕੋ ਨਹੀ ਤੂ ਰਹਿਆ ਸਮਾਈ॥
ਤੇਰੀ ਗਤਿ ਮਿਤਿ ਤੂਹੈ ਜਾਣਦਾ ਤੁਧੁ ਕੀਮਤਿ ਪਾਈ॥
ਤੂ ਅਲਖ ਅਗੋਚਰੁ ਅਗਮੁ ਹੈ ਗੁਰਮਤਿ ਦਿਖਾਈ॥(੧੨੯੧)

– ਜੇਤਾ ਸਬਦੁ ਸੁਰਤਿ ਧੁਨਿ ਤੇਤੀ ਜੇਤਾ ਰੂਪੁ ਕਾਇਆ ਤੇਰੀ॥
ਤੂੰ ਆਪੇ ਰਸਨਾ ਆਪੇ ਬਸਨਾ ਅਵਰੁ ਨ ਦੂਜਾ ਕਹਉ ਮਾਈ॥
ਸਾਹਿਬੁ ਮੇਰਾ ਏਕੋ ਹੈ॥ ਏਕੋ ਹੈ ਭਾਈ ਏਕੋ ਹੈ॥ਰਹਾਉ॥
ਆਪੇ ਮਾਰੇ ਆਪੇ ਛੋਡੈ ਆਪੇ ਲੇਵੈ ਦੇਇ॥ ਆਪੇ ਵੇਖੈ ਆਪੇ ਵਿਗਸੈ ਆਪੇ ਨਦਰਿ ਕਰੇਇ॥
ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ॥
ਜੈਸਾ ਵਰਤੈ ਤੈਸੋ ਕਹੀਐ ਸਭ ਤੇਰੀ ਵਡਿਆਈ॥
ਕਲਿ ਕਲਵਾਲੀ ਮਾਇਆ ਮਦੁ ਮੀਠਾ ਮਨੁ ਮਤਵਾਲਾ ਪੀਵਤੁ ਰਹੈ॥
ਆਪੇ ਰੂਪ ਕਰੇ ਬਹੁ ਭਾਂਤੀਂ ਨਾਨਕੁ ਬਪੁੜਾ ਏਵ ਕਹੈ॥ (੩੫੦)

ਪੁਰਸ਼ ਅਤੇ ਪ੍ਰਾਕ੍ਰਿਤੀ ਉਸੇ ਦੇ ਹੀ ਸਾਜੇ ਹੋਏ ਹਨ।

– ਸਿਵ ਸਕਤਿ ਆਪਿ ਉਪਾਇ ਕੈ ਕਰਤਾ ਆਪੇ ਹੁਕਮੁ ਵਰਤਾਏ॥ (੯੨੦)

ਮਾਇਆ ਤੇ ਮੋਹ ਵੀ ਉਸਨੇ ਹੀ ਪੈਦਾ ਕੀਤਾ ਹੈ।

– ਨਿਰੰਕਾਰਿ ਆਕਾਰੁ ਉਪਾਇਆ॥ ਮਾਇਆ ਮੋਹੁ ਹੁਕਮਿ ਬਣਾਇਆ॥

ਆਪੇ ਖੇਲ ਕਰੇ ਸਭਿ ਕਰਤਾ ਸੁਣਿ ਸਾਚਾ ਮੰਨਿ ਵਸਾਇਦਾ॥ (੧੦੬੬)

ਤ੍ਰੈ ਗੁਣ ਵੀ ਉਸਦੇ ਹੁਕਮ ਤੋਂ ਹੀ ਉਪਜੇ ਹਨ।

- ਆਪੇ ਆਪਿ ਨਿਰੰਜਨਾ ਜਿਨਿ ਆਪੁ ਉਪਾਇਆ॥ ਆਪੇ ਖੇਲੁ ਰਚਾਇਓਨੁ ਸਭੁ ਜਗਤੁ ਸਬਾਇਆ॥
ਤ੍ਰੈ ਗੁਣ ਆਪਿ ਸਿਰਜਿਅਨੁ ਮਾਇਆ ਮੋਹੁ ਵਧਾਇਆ॥ ਗੁਰ ਪਰਸਾਦੀ ਉਬਰੇ ਜਿਨ ਭਾਣਾ ਭਾਇਆ॥
ਨਾਨਕ ਸਚੁ ਵਰਤਦਾ ਸਭ ਸਚਿ ਸਮਾਇਆ॥ (੧੨੩੭)

ਪੰਜ ਤੱਤ ਵੀ ਉਸੇ ਤੋਂ ਉਤਪਤ ਹੋਏ ਹਨ।

- ਪੰਚ ਭੂ ਨਾਇਕੋ ਆਪਿ ਸਿਰੰਦਾ ਜਿਨਿ ਸਚ ਕਾ ਪਿੰਡੁ ਸਵਾਰਿਆ॥ (੭੬੬)

ਕਈਆਂ ਦਾ ਮੰਨਣਾ ਹੈ ਕਿ ਬ੍ਰਹਮਾ ਆਦਿ ਦੇਵਤਿਆਂ ਤੋਂ ਸ੍ਰਿਸ਼ਟੀ ਦੀ ਉਤਪਤੀ ਹੋਈ ਹੈ ਪਰ ਸਤਿਗੁਰੂ ਫੁਰਮਾਉਂਦੇ ਹਨ ਕਿ ਬ੍ਰਹਮਾ, ਬਿਸ਼ਨ, ਮਹੇਸ਼, ਦਸ ਅਵਤਾਰ ਤੇ ਹੋਰ ਸਭ ਦੇਵਤੇ ਉਸਦੀ ਪੈਦਾਇਸ਼ ਹਨ।

- ਤ੍ਰਿਤੀਆ ਬ੍ਰਹਮਾ ਬਿਸਨੁ ਮਹੇਸਾ॥ ਦੇਵੀ ਦੇਵ ਉਪਾਏ ਵੇਸਾ॥
ਜੋਤੀ ਜਾਤੀ ਗਣਤ ਨ ਆਵੈ॥ ਜਿਨਿ ਸਾਜੀ ਸੋ ਕੀਮਤਿ ਪਾਵੈ॥
ਕੀਮਤਿ ਪਾਇ ਰਹਿਆ ਭਰਪੂਰਿ॥ ਕਿਸੁ ਨੇੜੈ ਕਿਸੁ ਆਖਾ ਦੂਰਿ॥ (੮੩੯)

- ਹੁਕਮਿ ਉਪਾਏ ਦਸ ਅਉਤਾਰਾ॥ ਦੇਵ ਦਾਨਵ ਅਗਣਤ ਅਪਾਰਾ॥
ਮਾਨੈ ਹੁਕਮੁ ਸੁ ਦਰਗਹ ਪੈਝੈ ਸਾਚਿ ਮਿਲਾਇ ਸਮਾਇਦਾ॥ (੧੦੩੭)

- ਕੋਟਿ ਬਿਸਨ ਕੀਨੇ ਅਵਤਾਰ॥ ਕੋਟਿ ਬ੍ਰਹਮੰਡ ਜਾ ਕੇ ਧ੍ਰਮਸਾਲ॥
ਕੋਟਿ ਮਹੇਸ ਉਪਾਇ ਸਮਾਏ॥ ਕੋਟਿ ਬ੍ਰਹਮੇ ਜਗੁ ਸਾਜਣ ਲਾਏ॥
ਐਸੋ ਧਣੀ ਗੁਵਿੰਦੁ ਹਮਾਰਾ॥ ਬਰਨਿ ਨ ਸਾਕਉ ਗੁਣ ਬਿਸਥਾਰਾ॥ (੧੧੫੬)

- ਬ੍ਰਹਮਾ ਬਿਸਨੁ ਮਹੇਸੁ ਦੇਵ ਉਪਾਇਆ॥ ਬ੍ਰਹਮੇ ਦਿਤੇ ਬੇਦ ਪੂਜਾ ਲਾਇਆ॥
ਦਸ ਅਵਤਾਰੀ ਰਾਮੁ ਰਾਜਾ ਆਇਆ॥ ਦੈਤਾ ਮਾਰੇ ਧਾਇ ਹੁਕਮਿ ਸਬਾਇਆ॥
ਈਸ ਮਹੇਸੁਰੁ ਸੇਵ ਤਿਨ੍ਹੀ ਅੰਤੁ ਨ ਪਾਇਆ॥ ਸਚੀ ਕੀਮਤਿ ਪਾਇ ਤਖਤੁ ਰਚਾਇਆ॥
ਦੁਨੀਆ ਧੰਧੈ ਲਾਇ ਆਪੁ ਛਪਾਇਆ॥ ਧਰਮੁ ਕਰਾਏ ਕਰਮ ਧੁਰਹੁ ਫੁਰਮਾਇਆ॥ (੧੨੭੯)

ਅਕਾਲ ਪੁਰਖ ਆਪ ਸਭ ਦੇਵਤਿਆਂ ਤੋਂ ਉੱਚਾ ਹੈ। ਇਹ ਦੇਵਤੇ ਉਸਦਾ ਅੰਤ ਨਹੀਂ ਜਾਣਦੇ।

- ਮਹਿਮਾ ਨ ਜਾਨਹਿ ਬੇਦ॥ ਬ੍ਰਹਮੇ ਨਹੀ ਜਾਨਹਿ ਭੇਦ॥
ਅਵਤਾਰ ਨ ਜਾਨਹਿ ਅੰਤੁ॥ ਪਰਮੇਸਰੁ ਪਾਰਬ੍ਰਹਮ ਬੇਅੰਤੁ॥
ਅਪਨੀ ਗਤਿ ਆਪਿ ਜਾਨੈ॥ ਸੁਣਿ ਸੁਣਿ ਅਵਰ ਵਖਾਨੈ॥ਰਹਾਉ॥
ਸੰਕਰਾ ਨਹੀ ਜਾਨਹਿ ਭੇਵ॥ ਖੋਜਤ ਹਾਰੇ ਦੇਵ॥
ਦੇਵੀਆ ਨਹੀ ਜਾਨੈ ਮਰਮ॥ ਸਭ ਊਪਰਿ ਅਲਖ ਪਾਰਬ੍ਰਹਮ॥
ਅਪਨੈ ਰੰਗਿ ਕਰਤਾ ਕੇਲ॥ ਆਪਿ ਬਿਛੋਰੈ ਆਪੇ ਮੇਲ॥
ਇਕਿ ਭਰਮੇ ਇਕਿ ਭਗਤੀ ਲਾਏ॥ ਅਪਣਾ ਕੀਆ ਆਪਿ ਜਣਾਏ॥
ਸੰਤਨ ਕੀ ਸੁਣਿ ਸਾਚੀ ਸਾਖੀ॥ ਸੋ ਬੋਲਹਿ ਜੋ ਪੇਖਹਿ ਆਖੀ॥
ਨਹੀ ਲੇਪੁ ਤਿਸੁ ਪੁੰਨਿ ਨ ਪਾਪਿ॥ ਨਾਨਕ ਕਾ ਪ੍ਰਭੁ ਆਪੇ ਆਪਿ॥ (੮੯੪)

- ਬ੍ਰਹਮਾ ਬਿਸਨੁ ਮਹੇਸੁ ਦੁਆਰੈ॥ ਊਭੇ ਸੇਵਹਿ ਅਲਖ ਅਪਾਰੈ॥

ਹੋਰ ਕੇਤੀ ਦਰਿ ਦੀਸੈ ਬਿਲਲਾਦੀ ਮੈ ਗਣਤ ਨ ਆਵੈ ਕਾਈ ਹੇ॥ (੧੦੨੨)

ਜਿਸ ਤਰ੍ਹਾਂ ਸਾਰੇ ਜੀਵ ਉਸਦੀ ਕਲਾ ਦਾ ਜਹੂਰ ਹਨ। ਇਹ ਹਸਤੀਆਂ ਵੀ ਵੱਖ ਵੱਖ ਨਾਉਂ ਉਸਦੀ ਕਲਾ ਦੇ ਹਨ।

- ਬ੍ਰਹਮਾ ਬਿਸਨੁ ਮਹੇਸ ਇਕ ਮੂਰਤਿ ਆਪੇ ਕਰਤਾ ਕਾਰੀ॥ (੯੦੮)

ਅਕਾਲ ਪੁਰਖ ਸਤਿ ਹੈ, ਸਦਾ ਰਹਿਣ ਵਾਲਾ ਹੈ।

- ਪ੍ਰੀਤਿ ਲਗੀ ਤਿਸੁ ਸਚ ਸਿਉ ਮਰੈ ਨ ਆਵੈ ਜਾਇ॥ ਨਾ ਵੇਛੋੜਿਆ ਵਿਛੁੜੈ ਸਭ ਮਹਿ ਰਹਿਆ ਸਮਾਇ॥
ਦੀਨ ਦਰਦ ਦੁਖ ਭੰਜਨਾ ਸੇਵਕ ਕੈ ਸਤ ਭਾਇ॥ ਅਚਰਜ ਰੂਪੁ ਨਿਰੰਜਨੋ ਗੁਰਿ ਮੇਲਾਇਆ ਮਾਇ॥
ਭਾਈ ਰੇ ਮੀਤੁ ਕਰਹੁ ਪ੍ਰਭੁ ਸੋਇ॥ ਮਾਇਆ ਮੋਹ ਪਰੀਤਿ ਧ੍ਰਿਗੁ ਸੁਖੀ ਨ ਦੀਸੈ ਕੋਇ॥ਰਹਾਉ॥
ਦਾਨਾ ਦਾਤਾ ਸੀਲਵੰਤੁ ਨਿਰਮਲੁ ਰੂਪੁ ਅਪਾਰੁ॥ ਸਖਾ ਸਹਾਈ ਅਤਿ ਵਡਾ ਊਚਾ ਵਡਾ ਅਪਾਰੁ॥
ਬਾਲਕੁ ਬਿਰਧਿ ਨ ਜਾਣੀਐ ਨਿਹਚਲੁ ਤਿਸੁ ਦਰਵਾਰੁ॥ ਜੋ ਮੰਗੀਐ ਸੋਈ ਪਾਈਐ ਨਿਧਾਰਾ ਆਧਾਰੁ॥
ਜਿਸੁ ਪੇਖਤ ਕਿਲਵਿਖ ਹਿਰਹਿ ਮਨਿ ਤਨਿ ਹੋਵੈ ਸਾਂਤਿ॥ ਇਕ ਮਨਿ ਏਕੁ ਧਿਆਈਐ ਮਨ ਕੀ ਲਾਹਿ ਭਰਾਂਤਿ॥
ਗੁਣ ਨਿਧਾਨੁ ਨਵਤਨੁ ਸਦਾ ਪੂਰਨ ਜਾ ਕੀ ਦਾਤਿ॥ ਸਦਾ ਸਦਾ ਆਰਾਧੀਐ ਦਿਨੁ ਵਿਸਰਹੁ ਨਹੀ ਰਾਤਿ॥ (੪੬)

- ਸਾਹਿਬੁ ਮੇਰਾ ਸਦਾ ਹੈ ਦਿਸੈ ਸਬਦੁ ਕਮਾਇ॥ ਓਹੁ ਅਉਹਾਣੀ ਕਦੇ ਨਾਹਿ ਨਾ ਆਵੈ ਨਾ ਜਾਇ॥
ਸਦਾ ਸਦਾ ਸੋ ਸੇਵੀਐ ਜੋ ਸਭ ਮਹਿ ਰਹੈ ਸਮਾਇ॥ ਅਵਰੁ ਦੂਜਾ ਕਿਉ ਸੇਵੀਐ ਜੰਮੈ ਤੈ ਮਰਿ ਜਾਇ॥ (੫੦੯)

ਕਈ ਵਿਦਵਾਨ ਪਾਰਬ੍ਰਹਮ ਨੂੰ ਅਕਰੜ੍ਹੀ ਮੰਨਦੇ ਹਨ ਅਤੇ ਕਹਿੰਦੇ ਹਨ ਕਿ ਸ੍ਰਿਸ਼ਟੀ ਰਚਨਾ ਪ੍ਰਕ੍ਰਿਤੀ ਜਾਂ ਮਾਇਆ ਦਾ ਕੰਮ ਹੈ। ਪਰ ਸਤਿਗੁਰ ਅਕਾਲ ਪੁਰਖ ਨੂੰ ਕਰਤਾ ਮੰਨਦੇ ਹਨ ਅਤੇ ਫੁਰਮਾਂਦੇ ਹਨ ਕਿ ਉਸ ਇੱਕ ਹਸਤੀ ਤੋਂ ਹੀ ਸਾਰੀ ਸ੍ਰਿਸ਼ਟੀ ਹੋਂਦ ਵਿੱਚ ਆਈ ਹੈ।

- ਕਰਣ ਕਾਰਣ ਪ੍ਰਭੁ ਏਕੁ ਹੈ ਦੂਸਰ ਨਾਹੀ ਕੋਇ॥ਨਾਨਕ ਤਿਸੁ ਬਲਿਹਾਰਣੈ ਜਲਿ ਥਲਿ ਮਹੀਅਲਿ ਸੋਇ॥ (੨੭੬)

- ਨਾਨਕ ਰਚਨਾ ਪ੍ਰਭਿ ਰਚੀ ਬਹੁ ਬਿਧਿ ਅਨਿਕ ਪ੍ਰਕਾਰ॥ (੨੭੫)

- ਆਪੀਨੈ੍ ਆਪੁ ਸਾਜਿਓ ਆਪੀਨੈ੍ ਰਚਿਓ ਨਾਉ॥ ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ॥
ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ॥
ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ॥ ਕਰਿ ਆਸਣੁ ਡਿਠੋ ਚਾਉ॥ (੪੬੩)

ਕਈ ਸੱਜਣ ਜਦੋਂ ਸੰਸਾਰ ਵਿੱਚ ਪਾਪ ਜਾਂ ਬੁਰਾਈ ਵੇਖਦੇ ਹਨ ਤਾਂ ਸੰਸੇ ਵਿੱਚ ਪੈ ਜਾਂਦੇ ਹਨ। ਕਈ ਪੁਰਾਣੇ ਮੱਤਾਂ ਨੇ ਨੇਕੀ ਤੇ ਬਦੀ ਦੇ ਦੋ ਰੱਬ ਮੰਨੇ ਹਨ ਪਰ ਸਤਿਗੁਰੂ ਫੁਰਮਾਉਂਦੇ ਹਨ ਕਿ ਭਲੇ ਜਾਂ ਬੁਰੇ ਪਾਸੇ ਜਾਣ ਵਾਲੀ ਜੋ ਵੀ ਸ੍ਰਿਸ਼ਟੀ ਨਜ਼ਰ ਪੈਂਦੀ ਹੈ, ਸਭ ਉਸ ਇੱਕ ਦੀ ਪੈਦਾਇਸ਼ ਹੈ।

- ਕਈ ਕੋਟਿ ਹੋਏ ਪੂਜਾਰੀ॥ ਕਈ ਕੋਟਿ ਆਚਾਰ ਬਿਉਹਾਰੀ॥
ਕਈ ਕੋਟਿ ਭਏ ਤੀਰਥ ਵਾਸੀ॥ ਕਈ ਕੋਟਿ ਬਨ ਭ੍ਰਮਹਿ ਉਦਾਸੀ॥
ਕਈ ਕੋਟਿ ਬੇਦ ਕੇ ਸ੍ਰੋਤੇ॥ ਕਈ ਕੋਟਿ ਤਪੀਸੁਰ ਹੋਤੇ॥
ਕਈ ਕੋਟਿ ਆਤਮ ਧਿਆਨੁ ਧਾਰਹਿ॥ ਕਈ ਕੋਟਿ ਕਬਿ ਕਾਬਿ ਬੀਚਾਰਹਿ॥
ਕਈ ਕੋਟਿ ਨਵਤਨ ਨਾਮ ਧਿਆਵਹਿ॥ ਨਾਨਕ ਕਰਤੇ ਕਾ ਅੰਤੁ ਨ ਪਾਵਹਿ॥
ਕਈ ਕੋਟਿ ਭਏ ਅਭਿਮਾਨੀ॥ ਕਈ ਕੋਟਿ ਅੰਧ ਅਗਿਆਨੀ॥
ਕਈ ਕੋਟਿ ਕਿਰਪਨ ਕਠੋਰ॥ ਕਈ ਕੋਟਿ ਅਭਿਗ ਆਤਮ ਨਿਕੋਰ॥

ਕਈ ਕੋਟਿ ਪਰ ਦਰਬ ਕਉ ਹਿਰਹਿ॥ ਕਈ ਕੋਟਿ ਪਰ ਦੂਖਨਾ ਕਰਹਿ॥
ਕਈ ਕੋਟਿ ਮਾਇਆ ਸ੍ਰਮ ਮਾਹਿ॥ ਕਈ ਕੋਟਿ ਪਰਦੇਸ ਭ੍ਰਮਾਹਿ॥
ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ॥ ਨਾਨਕ ਕਰਤੇ ਕੀ ਜਾਨੈ ਕਰਤਾ ਰਚਨਾ॥ (੨੭੫)

ਸਭ ਜੀਆਂ ਅੰਦਰ ਉਸ ਇੱਕ ਦਾ ਵਾਸ ਹੈ ਅਤੇ ਉਹੀ ਸਭ ਜੀਵਾਂ ਨੂੰ ਸੱਤਾ ਪ੍ਰਦਾਨ ਕਰਦਾ ਹੈ।

- ਸਭ ਮਹਿ ਜੀਉ ਜੀਉ ਹੈ ਸੋਈ ਘਟਿ ਘਟਿ ਰਹਿਆ ਸਮਾਈ॥ (੧੨੭੩)

- ਪਾਰਬ੍ਰਹਮ ਕੇ ਸਗਲੇ ਠਾਉ॥ ਜਿਤੁ ਜਿਤੁ ਘਰਿ ਰਾਖੈ ਤੈਸਾ ਤਿਨ ਨਾਉ॥
ਆਪੇ ਕਰਨ ਕਰਾਵਨ ਜੋਗੁ॥ ਪ੍ਰਭ ਭਾਵੈ ਸੋਈ ਫੁਨਿ ਹੋਗੁ॥
ਪਸਰਿਓ ਆਪਿ ਹੋਇ ਅਨਤ ਤਰੰਗ॥ ਲਖੇ ਨ ਜਾਹਿ ਪਾਰਬ੍ਰਹਮ ਕੇ ਰੰਗ॥ (੨੭੫)

ਨਾ ਕੇਵਲ ਸਭ ਕੁਝ ਉਸਨੇ ਹੀ ਪੈਦਾ ਕੀਤਾ ਹੈ, ਉਹ ਆਪ ਹੀ ਸਾਰੀ ਸ੍ਰਿਸ਼ਟੀ ਨੂੰ ਧਾਰ ਰਿਹਾ ਹੈ ਤੇ ਸਭ ਦਾ ਪ੍ਰਬੰਧ ਕਰ ਰਿਹਾ ਹੈ।

- ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ॥ (੪੭੪)

- ਸਗਲ ਸਮਗ੍ਰੀ ਅਪਨੈ ਸੂਤਿ ਧਾਰੈ॥ (੨੭੬)

- ਰਚਿ ਰਚਨਾ ਅਪਨੀ ਕਲ ਧਾਰੀ॥ (੨੮੮)

- ਸਗਲ ਸਮਗ੍ਰੀ ਜਾ ਕੈ ਸੂਤਿ ਪਰੋਈ॥ ਘਟ ਘਟ ਅੰਤਰਿ ਰਵਿਆ ਸੋਈ॥
ਓਪਤਿ ਪਰਲਉ ਖਿਨ ਮਹਿ ਕਰਤਾ॥ ਆਪਿ ਅਲੇਪਾ ਨਿਰਗੁਨੁ ਰਹਤਾ॥
ਕਰਨ ਕਰਾਵਨ ਅੰਤਰਜਾਮੀ॥ ਅਨੰਦ ਕਰੈ ਨਾਨਕ ਕਾ ਸੁਆਮੀ॥ (੩੮੭)

ਇਹ ਪਾਲਣਾ ਤੇ ਇਹ ਪ੍ਰਬੰਧ ਉਹ ਸ੍ਰਿਸ਼ਟੀ ਤੋਂ ਅੱਡਰਾ ਹੋ ਕੇ ਨਹੀਂ ਕਰ ਰਿਹਾ। ਉਹ ਆਪਣੀ ਸ੍ਰਿਸ਼ਟੀ ਦੇ ਜ਼ਰੇ ਜ਼ਰੇ ਵਿੱਚ ਭਰਪੂਰ ਹੈ। ਸਭ ਅੱਖਾਂ ਵਿੱਚੋਂ ਉਹ ਆਪ ਵੇਖਦਾ ਹੈ। ਸਾਰਾ ਬ੍ਰਹਿਮੰਡ ਉਸਦਾ ਸਰੀਰ ਹੈ।

- ਵਾਸੁਦੇਵ ਸਰਬਤ੍ਰ ਮੈ ਊਨ ਨ ਕਤਹੂ ਠਾਇ॥ ਅੰਤਰਿ ਬਾਹਰਿ ਸੰਗਿ ਹੈ ਨਾਨਕ ਕਾਇ ਦੁਰਾਇ॥ (੨੫੯)

- ਸਰਬ ਭੂਤ ਆਪਿ ਵਰਤਾਰਾ॥ ਸਰਬ ਨੈਨ ਆਪਿ ਪੇਖਨਹਾਰਾ॥ ਸਗਲ ਸਮਗ੍ਰੀ ਜਾ ਕਾ ਤਨਾ॥ (੨੯੪)

- ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ॥
ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ ਜੀਆ॥
ਸੰਤਹੁ ਘਟਿ ਘਟਿ ਰਹਿਆ ਸਮਾਹਿਓ॥
ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ ਆਹਿਓ॥ਰਹਾਉ॥
ਗੁਣ ਨਿਧਾਨ ਨਾਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ॥
ਸਰਬ ਨਿਵਾਸੀ ਸਦਾ ਅਲੇਪਾ ਸਭ ਮਹਿ ਰਹਿਆ ਸਮਾਇਓ॥ (੬੧੭)

- ਹਰਿ ਸੰਤਹੁ ਦੇਖਹੁ ਨਦਰਿ ਕਰਿ ਨਿਕਟਿ ਵਸੈ ਭਰਪੂਰਿ॥
ਗੁਰਮਤਿ ਜਿਨੀ ਪਛਾਣਿਆ ਸੇ ਦੇਖਹਿ ਸਦਾ ਹਦੂਰਿ॥ (੨੭)

- ਬਲਿਹਾਰੀ ਕੁਦਰਤਿ ਵਸਿਆ॥ ਤੇਰਾ ਅੰਤੁ ਨ ਜਾਈ ਲਖਿਆ॥ਰਹਾਉ॥
ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ॥ (੪੬੯)

- ਬੇਦ ਕਤੇਬ ਸੰਸਾਰ ਹਭਾ ਹੂੰ ਬਾਹਰਾ॥ ਨਾਨਕ ਕਾ ਪਾਤਿਸਾਹੁ ਦਿਸੈ ਜਾਹਰਾ॥ (੩੯੭)

– ਜਿਨਿ ਜਗੁ ਸਿਰਜਿ ਸਮਾਇਆ ਸੋ ਸਾਹਿਬੁ ਕੁਦਰਤਿ ਜਾਣੋਵਾ॥
ਸਚੜਾ ਦੂਰਿ ਨ ਭਾਲੀਐ ਘਟਿ ਘਟਿ ਸਬਦੁ ਪਛਾਣੋਵਾ॥ (੫੯੧)

ਪਰ ਸਭ ਵਿੱਚ ਵਸਦਾ ਹੋਇਆ ਉਹ ਸਭ ਤੋਂ ਅੱਡਰਾ ਹੈ।

– ਸਭ ਕੈ ਮਧਿ ਸਭ ਹੂ ਤੇ ਬਾਹਰਿ ਰਾਗ ਦੋਖ ਤੇ ਨਿਆਰੋ॥ (੭੯੫)

– ਆਪਿ ਖੜੋਵਹਿ ਆਪਿ ਕਰਿ ਆਪੀਣੈ ਆਪਾਹੁ॥ (੭੯੯)

– ਸਭ ਕੈ ਮਧਿ ਅਲਿਪਤੋ ਰਹੈ॥ ਜੋ ਕਿਛੁ ਕਹਣਾ ਸੁ ਆਪੇ ਕਹੈ॥ (੨੯੪)

– ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ॥
ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ॥ (੧੩)

ਪਰ ਕਈ ਵਿਦਵਾਨਾਂ ਨੇ ਕੁਝ ਇੱਕ ਨਿਰਜੀਵ ਤੇ ਅਚੇਤ ਵਸਤੂਆਂ ਵੀ ਸਦਾ ਰਹਿਣ ਵਾਲੀਆਂ ਤੇ ਸਰਬ ਵਿਆਪਕ ਮੰਨੀਆਂ ਹਨ ਜਿਹਾ ਕਿ ਆਕਾਸ਼। ਪ੍ਰੰਤੂ ਸਤਿਗੁਰੂ ਦੀ ਦੱਸੀ ਸਰਬ ਵਿਆਪਕ ਤੇ ਸਦਾ ਰਹਿਣ ਵਾਲੀ ਹਸਤੀ ਅਰਥਾਤ ਅਕਾਲ ਪੁਰਖ ਚੇਤਨ ਹੈ। ਉਸ ਵਿੱਚ ਬੁੱਝਣਾ, ਵੇਖਣਾ ਤੇ ਵਿਚਾਰ ਕਰਨਾ ਸਾਰੇ ਗੁਣ ਚੇਤਨ ਹਸਤੀ ਦੇ ਹਨ।

– ਬੂਝੈ ਦੇਖੈ ਕਰੈ ਬਿਬੇਕ॥ ਆਪਹਿ ਏਕ ਆਪਹਿ ਅਨੇਕ॥
ਮਰੈ ਨ ਬਿਨਸੈ ਆਵੈ ਨ ਜਾਇ॥ ਨਾਨਕ ਸਦ ਹੀ ਰਹਿਆ ਸਮਾਇ॥ (੨੭੯)

– ਪਪੈ ਪਾਤਿਸਾਹੁ ਪਰਮੇਸਰੁ ਵੇਖਣ ਕਉ ਪਰਪੰਚੁ ਕੀਆ॥
ਦੇਖੈ ਬੂਝੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ॥ (੪੩੩)

– ਵਵੈ ਵਾਸੁਦੇਉ ਪਰਮੇਸਰੁ ਵੇਖਣ ਕਉ ਜਿਨਿ ਵੇਸੁ ਕੀਆ॥
ਵੇਖੈ ਚਾਖੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ॥ (੪੩੪)

– ਆਪਿ ਉਪਾਵਣਹਾਰ ਆਪੇ ਹੀ ਮਾਰਦਾ॥ ਸਭੁ ਕਿਛੁ ਜਾਣੈ ਜਾਨੁ ਬੁਝਿ ਵੀਚਾਰਦਾ॥
ਅਨਿਕ ਰੂਪ ਖਿਨ ਮਾਹਿ ਕੁਦਰਤਿ ਧਾਰਦਾ॥ (੫੧੮)

ਸਭ ਵਿੱਚ ਚੇਤਨਤਾ ਦੀ ਰੌਸ਼ਨੀ ਉਸ ਤੋਂ ਹੈ। ਸਭ ਨੂੰ ਸੱਤਾ ਦੇ ਕੇ ਧਾਰ ਰੱਖਿਆ ਹੈ। ਨਾਲ ਹੀ ਚਰਮਾਂ ਦਾ ਸਾਖੀ ਤੇ ਫਲ ਪ੍ਰਦਾਤਾ ਵੀ ਉਹੋ ਹੀ ਹੈ।

– ਹਰਿ ਜੀਉ ਅੰਤਰਜਾਮੀ ਜਾਨ॥ ਕਰਤ ਬੁਰਾਈ ਮਾਨੁਖ ਤੇ ਛਪਾਈ ਸਾਖੀ ਭੂਤ ਪਵਾਨ॥ (੧੨੦੨)

– ਹਟ ਪਟਣ ਬਿਜ ਮੰਦਰ ਭੰਨੈ ਕਰਿ ਚੋਰੀ ਘਰਿ ਆਵੈ॥ ਅਗਹੁ ਦੇਖੈ ਪਿਛਹੁ ਦੇਖੈ ਤੁਝ ਤੇ ਕਹਾ ਛਪਾਵੈ॥ (੧੫੬)

– ਤੂ ਭਰਪੂਰਿ ਜਾਨਿਆ ਮੈ ਦੂਰਿ॥ ਜੋ ਕਛੁ ਕਰੀ ਸੁ ਤੇਰੈ ਹਦੂਰਿ॥
ਤੂ ਦੇਖਹਿ ਹਉ ਮੁਕਰਿ ਪਾਉ॥ ਤੇਰੈ ਕੰਮਿ ਨ ਤੇਰੈ ਨਾਇ॥ (੨੫)

– ਥਾਨ ਥਨੰਤਰਿ ਰਵਿ ਰਹਿਆ ਮੇਰੀ ਜਿੰਦੁੜੀਏ ਪਾਰਬ੍ਰਹਮੁ ਪ੍ਰਭੁ ਦਾਤਾ ਰਾਮ॥
ਤਾ ਕਾ ਅੰਤੁ ਨ ਪਾਈਐ ਮੇਰੀ ਜਿੰਦੁੜੀਏ ਪੂਰਨ ਪੁਰਖੁ ਬਿਧਾਤਾ ਰਾਮ॥ (੫੪੧)

– ਹਾਥਿ ਕਲੰਮ ਅਗੰਮ ਮਸਤਕਿ ਲੇਖਾਵਤੀ॥ ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ॥ (੧੩੬੧)

ਸਭ ਕੁਝ ਉਸਦੇ ਹੁਕਮ ਵਿੱਚ ਚਲ ਰਿਹਾ ਹੈ ਪਰ ਹੁਕਮ ਦੀ ਕਲਮ ਜੀਵਾਂ ਦੇ ਕਰਮਾਂ ਅਨੁਸਾਰ ਵਗਦੀ ਹੈ।

- ਹੁਕਮੀ ਹੁਕਮੁ ਚਲਾਏ ਰਾਹੁ॥ (੨)

- ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ॥ (੧)

- ਸਭੇ ਸੁਰਤੀ ਜੋਗ ਸਭਿ ਸਭੇ ਬੇਦ ਪੁਰਾਣ॥ ਸਭੇ ਕਰਣੇ ਤਪ ਸਭਿ ਸਭੇ ਗੀਤ ਗਿਆਨ॥
ਸਭੇ ਬੁਧੀ ਸੁਧਿ ਸਭਿ ਸਭਿ ਤੀਰਥ ਸਭਿ ਥਾਨ॥
ਸਭਿ ਪਾਤਿਸਾਹੀਆ ਅਮਰ ਸਭਿ ਸਭਿ ਖੁਸੀਆ ਸਭਿ ਖਾਨ॥
ਸਭੇ ਮਾਣਸ ਦੇਵ ਸਭਿ ਸਭੇ ਜੋਗ ਧਿਆਨ॥ ਸਭੇ ਪੁਰੀਆ ਖੰਡ ਸਭਿ ਸਭੇ ਜੀਅ ਜਹਾਨ॥
ਹੁਕਮਿ ਚਲਾਏ ਆਪਣੈ ਕਰਮੀ ਵਹੈ ਕਲਾਮ॥ ਨਾਨਕ ਸਚਾ ਸਚਿ ਨਾਇ ਸਚੁ ਸਭਾ ਦੀਬਾਨੁ॥ (੧੨੪੧)

ਜਨਮ ਮਰਨ ਉਸਦੇ ਹੁਕਮ ਵਿੱਚ ਹੈ।

- ਐਸਾ ਸਾਚਾ ਤੂੰ ਏਕੋ ਜਾਣੁ॥ ਜੰਮਣੁ ਮਰਣਾ ਹੁਕਮੁ ਪਛਾਣੁ॥ (੪੧੨)

- ਆਵਣੁ ਤ ਜਾਣਾ ਤਿਨਹਿ ਕੀਆ ਜਿਨਿ ਮੇਦਨਿ ਸਿਰਜੀਆ॥ (੫੪੨)

- ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ॥ (੪੭੨)

ਉਸਦੇ ਹੁਕਮ ਵਿੱਚ ਹੋਰ ਕਿਸੇ ਦੀ ਸਲਾਹ ਨਹੀਂ ਚਲਦੀ, ਨਾ ਹੀ ਉਥੇ ਧਨੀ ਜਾਂ ਕੰਗਾਲ ਦੀ ਤਮੀਜ਼ ਹੈ।

- ਰੰਕੁ ਰਾਉ ਜਾ ਕੈ ਏਕ ਸਮਾਨਿ॥ ਕੀਟ ਹਸਤਿ ਸਗਲ ਪੂਰਾਨ॥
ਬੀਓ ਪੂਛਿ ਨ ਮਸਲਤਿ ਧਰੈ॥ ਜੋ ਕਿਛੁ ਕਰੈ ਸੁ ਆਪਹਿ ਕਰੈ॥
ਜਾ ਕਾ ਅੰਤੁ ਨ ਜਾਨਸਿ ਕੋਇ॥ ਆਪੇ ਆਪਿ ਨਿਰੰਜਨੁ ਸੋਇ॥
ਆਪਿ ਅਕਾਰੁ ਆਪਿ ਨਿਰੰਕਾਰੁ॥ ਘਟ ਘਟ ਘਟਿ ਸਭ ਘਟ ਆਧਾਰੁ॥ (੮੬੩)

- ਹਰਨ ਭਰਨ ਜਾ ਕਾ ਨੇਤ੍ਰ ਫੋਰੁ॥ ਤਿਸ ਕਾ ਮੰਤ੍ਰੁ ਨ ਜਾਨੈ ਹੋਰ॥ (੨੮੪)

ਕਈ ਵਿਦਵਾਨ ਅਕਾਲ ਪੁਰਖ ਨੂੰ ਸੰਸਾਰ ਉਤਪਤੀ ਦਾ ਇੱਕ ਕਾਰਨ ਮੰਨਦੇ ਹਨ ਜਿਸਨੂੰ ਸ੍ਰਿਸ਼ਟੀ ਸਾਜਣ ਲਈ ਹੋਰ ਕਾਰਨਾਂ ਦੀ ਵੀ ਲੋੜ ਹੈ। ਸਤਿਗੁਰੂ ਫੁਰਮਾਉਂਦੇ ਹਨ ਕਿ ਉਹ ਇਕੱਲਾ ਹੀ ਸ੍ਰਿਸ਼ਟੀ ਸਾਜਣ ਦੇ ਸਮਰੱਥ ਹੈ ਸਾਰੇ ਹੋਰ ਕਾਰਨ ਉਸਦੇ ਵਿੱਚ ਹਨ।

- ਕਰਣ ਕਾਰਣ ਪ੍ਰਭੁ ਏਕੁ ਹੈ ਦੂਸਰ ਨਾਹੀ ਕੋਇ॥ ਨਾਨਕ ਤਿਸੁ ਬਲਿਹਾਰਣੈ ਜਲਿ ਥਲਿ ਮਹੀਅਲਿ ਸੋਇ॥ (੨੭੬)

- ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ॥ ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ॥ (੧੪੮)

ਉਹ ਸਾਰੇ ਸੰਸਾਰ ਨੂੰ ਉਤਪਤ ਅਤੇ ਨਾਸ ਕਰਦਾ ਹੋਇਆ ਆਪ ਨਿਰਭਉ, ਨਿਰਵੈਰ ਤੇ ਜਨਮ ਮਰਨ ਤੋਂ ਰਹਿਤ ਹੈ।

- ਓਅੰ ਗੁਰਮੁਖਿ ਕੀਓ ਅਕਾਰਾ॥ ਏਕਹਿ ਸੂਤਿ ਪਰੋਵਨਹਾਰਾ॥
ਭਿੰਨ ਭਿੰਨ ਤ੍ਰੈ ਗੁਣ ਬਿਸਥਾਰੰ॥ ਨਿਰਗੁਨ ਤੇ ਸਰਗੁਨ ਦ੍ਰਿਸਟਾਰੰ॥
ਸਗਲ ਭਾਤਿ ਕਰਿ ਕਰਹਿ ਉਪਾਇਓ॥ ਜਨਮ ਮਰਨ ਮਨ ਮੋਹੁ ਬਢਾਇਓ॥
ਦੁਹੂ ਭਾਤਿ ਤੇ ਆਪਿ ਨਿਰਾਰਾ॥ ਨਾਨਕ ਅੰਤੁ ਨ ਪਾਰਾਵਾਰਾ॥ (੨੫੦)

– ਅਲਖ ਅਪਾਰ ਅਗੰਮ ਅਗੋਚਰ ਨਾ ਤਿਸੁ ਕਾਲੁ ਨ ਕਰਮਾ॥
ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ॥
ਸਾਚੇ ਸਚਿਆਰ ਵਿਟਹੁ ਕੁਰਬਾਣੁ॥
ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ॥ਰਹਾਉ॥
ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ॥
ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ॥ (੫੯੭)

– ਸਗਲ ਪਰਾਧ ਦੇਹਿ ਲੋਰੋਨੀ॥ ਸੋ ਮੁਖੁ ਜਲਉ ਜਿਤੁ ਕਹਹਿ ਠਾਕੁਰ ਜੋਨੀ॥
ਜਨਮਿ ਨ ਮਰੈ ਨ ਆਵੈ ਨ ਜਾਇ॥ ਨਾਨਕ ਕਾ ਪ੍ਰਭੁ ਰਹਿਓ ਸਮਾਇ॥ (੧੧੩੬)

ਉਸਦਾ ਕਰਤਾ ਕੋਈ ਨਹੀਂ। ਨਾ ਹੀ ਉਸਦੀ ਕੋਈ ਮੂਰਤੀ ਹੈ ਤੇ ਉਸ ਦੀਆਂ ਮੂਰਤੀਆਂ ਥਾਪ ਕੇ ਪੂਜਣਾ ਭੁਲੇਖਾ ਹੈ।

– ਆਪਨ ਆਪੁ ਆਪਹਿ ਉਪਾਇਓ॥ (੨੫੦)

– ਥਾਪਿਆ ਨ ਜਾਇ ਕੀਤਾ ਨ ਹੋਇ॥ ਆਪੇ ਆਪਿ ਨਿਰੰਜਨੁ ਸੋਇ॥ (੨)

– ਰੂਪੁ ਨ ਰੇਖ ਨ ਰੰਗੁ ਕਿਛੁ ਤ੍ਰਿਹੁ ਗੁਣ ਤੇ ਪ੍ਰਭ ਭਿੰਨ॥ (੨੮੩)

– ਘਰਿ ਨਾਰਾਇਣੁ ਸਭਾ ਨਾਲਿ॥ ਪੂਜ ਕਰੇ ਰਖੈ ਨਾਵਾਲਿ॥
ਕੁੰਗੂ ਚੰਨਣੁ ਫੁਲ ਚੜਾਏ॥ ਪੈਰੀ ਪੈ ਪੈ ਬਹੁਤੁ ਮਨਾਏ॥
ਮਾਣੂਆ ਮੰਗਿ ਮੰਗਿ ਪੈਨ੍ਹੈ ਖਾਇ॥ ਅੰਧੀ ਕੰਮੀ ਅੰਧ ਸਜਾਇ॥
ਭੁਖਿਆ ਦੇਇ ਨ ਮਰਦਿਆ ਰਖੈ॥ ਅੰਧਾ ਝਗੜਾ ਅੰਧੀ ਸਥੈ॥ (੧੨੪੦)

ਸਾਰੇ ਸੰਸਾਰ ਦਾ ਪ੍ਰਬੰਧ ਕਰਦਾ ਹੋਇਆ ਉਹ ਅਨੰਦ ਰੂਪ ਹੈ। ਨਾ ਅਕੇਵਾਂ ਤੇ ਨਾ ਹੀ ਥਕੇਵਾਂ।

– ਹੁਕਮੀ ਹੁਕਮੁ ਚਲਾਏ ਰਾਹੁ॥ ਨਾਨਕ ਵਿਗਸੈ ਵੇਪਰਵਾਹੁ॥ (੨)

– ਅਨਦ ਰੂਪ ਮੰਗਲ ਸਦ ਜਾ ਕੈ॥ ਸਰਬ ਥੋਕ ਸੁਨੀਅਹਿ ਘਰਿ ਤਾ ਕੈ॥ (੨੮੪)

– ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ॥ ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ॥
ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ॥
ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ॥ (੭੮੪)

ਨਾ ਕੇਵਲ ਕਰਮਾਂ ਅਨੁਸਾਰ ਨਿਰਣਾਂ ਹੀ ਕਰਦਾ ਹੈ ਸਗੋਂ ਉਹ ਪਰਮ ਦਿਆਲੂ ਹੋਣ ਕਰਕੇ ਭੁੱਲੇ ਜੀਵਾਂ ਨੂੰ ਰਾਹ ਵੀ ਪਾਉਂਦਾ ਹੈ।

– ਆਪੇ ਉਝੜਿ ਪਾਇਦਾ ਪਿਆਰਾ ਆਪਿ ਵਿਖਾਲੇ ਰਾਹੁ॥ (੬੦੪)

– ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ॥ (੧੧)

– ਹਉ ਵਾਰੀ ਵੰਞਾ ਘੋਲੀ ਵੰਞਾ ਤੂ ਪਰਬਤੁ ਮੇਰਾ ਓਲ੍ਹਾ ਰਾਮ॥
ਹਉ ਬਲਿ ਜਾਈ ਲਖ ਲਖ ਲਖ ਬਰੀਆ ਜਿਨਿ ਝ੍ਰਮੁ ਪਰਦਾ ਖੋਲ੍ਹਾ ਰਾਮ॥ (੭੭੯)

– ਟੂਟੀ ਗਾਢਨਹਾਰ ਗੋਪਾਲ॥ ਸਰਬ ਜੀਆ ਆਪੇ ਪ੍ਰਤਿਪਾਲ॥
ਸਗਲ ਕੀ ਚਿੰਤਾ ਜਿਸੁ ਮਨ ਮਾਹਿ॥ ਤਿਸ ਤੇ ਬਿਰਥਾ ਕੋਈ ਨਾਹਿ॥ (੨੮੨)

ਹੁਣ ਇਹ ਸੰਸਾ ਪੈਦਾ ਹੋ ਸਕਦਾ ਹੈ ਕਿ ਕੀ ਸਚਮੁੱਚ ਇਨ੍ਹਾਂ ਗੁਣਾਂ ਵਾਲੀ ਕੋਈ ਹਸਤੀ ਹੈ ਜਾਂ ਐਵੇਂ ਹੀ ਸੰਸਾਰ ਦੀ ਖੇਡ ਨੂੰ ਸੁਲਝਾਉਣ ਲਈ ਇੱਕ ਦਲੀਲੀ ਮਨੋਂਤ ਹੈ ਅਥਵਾ ਮਨ ਦਾ ਵਹਿਮ ਹੈ। ਜੇ ਹੈ ਤਾਂ ਉਸ ਨੂੰ ਜਾਣੀਏ ਕਿਸ ਤਰ੍ਹਾਂ।

ਇਹ ਤਾਂ ਸਤਿਗੁਰੂ ਦੱਸ ਚੁੱਕੇ ਹਨ ਕਿ ਉਹ ਹਸਤੀ ਸਾਥੋਂ ਅੱਡ ਨਹੀਂ, ਜਿਸ ਨੂੰ ਅਸੀਂ ''ਆਪਣਾ ਆਪ'' ਕਹਿੰਦੇ ਹਾਂ ਉਸਦਾ ਮੂਲ ਉਹ ਸੱਤ੍ਹਾ ਹੈ। ਇਸ ਲਈ ਆਪਣੇ ਤੋਂ ਅੱਡ ਵਸਤਾਂ ਦਾ ਗਿਆਨ ਜਿਸ ਤਰ੍ਹਾਂ ਸਾਨੂੰ ਹੁੰਦਾ ਹੈ, ਉਸੇ ਤਰ੍ਹਾਂ ਦਾ ਗਿਆਨ ਨਿਰੰਕਾਰ ਦਾ ਸਾਨੂੰ ਨਹੀਂ ਹੋ ਸਕਦਾ।

– ਤਾ ਕੀ ਗਤਿ ਮਿਤਿ ਕਹੀ ਨ ਜਾਇ॥ ਦੂਸਰ ਹੋਇ ਤਾ ਸੋਝੀ ਪਾਇ॥ (੨੯੪)

– ਅਤੁਲੁ ਕਿਉ ਤੋਲਿਆ ਜਾਇ॥ ਦੂਜਾ ਹੋਇ ਤ ਸੋਝੀ ਪਾਇ॥
ਤਿਸ ਤੇ ਦੂਜਾ ਨਾਹੀ ਕੋਇ॥ ਤਿਸ ਦੀ ਕੀਮਤਿ ਕਿਕੂ ਹੋਇ॥ (੭੯੭)

ਪਰ ਹੈ ਉਹ ਸਤਿ। ਨਿਰਾ ਦਲੀਲੀ ਮਨੋਂਤ ਜਾਂ ਮਨ ਦਾ ਵਹਿਮ ਨਹੀਂ ਅਤੇ ਜਿਸ ਤਰ੍ਹਾਂ ਅਸੀਂ ਆਪਣੀ ਹੋਂਦ ਨੂੰ ਅਨੁਭਵ ਕਰਦੇ ਹਾਂ, ਇਸੇ ਤਰ੍ਹਾਂ ਅੰਤਰ ਆਤਮੇ ਅਸੀਂ ਉਸਦੀ ਹੋਂਦ ਨੂੰ ਵੀ ਮਹਿਸੂਸ ਕਰ ਸਕਦੇ ਹਾਂ।

– ਸਜਣ ਸਚੁ ਪਰਖਿ ਮੁਖਿ ਅਲਾਵਣੁ ਥੋਥਰਾ॥ ਮੰਨ ਮਝਾਹੂ ਲਖਿ ਤੁਧਹੁ ਦੂਰਿ ਨ ਸੁ ਪਿਰੀ॥ (੧੧੦੦)

– ਸੰਤਸੰਗਿ ਅੰਤਰਿ ਪ੍ਰਭੁ ਡੀਠਾ॥ (੨੯੩)

ਪਰ ਉਹ ਅੱਖਾਂ ਹੋਰ ਹਨ ਜਿੰਨ੍ਹਾਂ ਦੁਆਰਾ ਦਰਸ਼ਨ ਹੁੰਦੇ ਹਨ।

– ਨਾਨਕ ਸੇ ਅਖੜੀਆ ਬਿਅੰਨਿ ਜਿਨੀ ਡਿਸੰਦੋ ਮਾ ਪਿਰੀ॥ (੧੧੦੦)

ਤੇ ਉਹ ਅੱਖਾਂ ਗੁਰ ਸ਼ਬਦ ਉਪਰ ਤੁਰਦੀਆਂ ਖੁਲ੍ਹਦੀਆਂ ਹਨ।

– ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ॥ (੫੯੭)

– ਇਸੁ ਜਗ ਮਹਿ ਪੁਰਖੁ ਏਕੁ ਹੈ ਹੋਰ ਸਗਲੀ ਨਾਰਿ ਸਬਾਈ॥
ਸਭਿ ਘਟ ਭੋਗਵੈ ਅਲਿਪਤੁ ਰਹੈ ਅਲਖੁ ਨ ਲਖਣਾ ਜਾਈ॥
ਪੂਰੈ ਗੁਰਿ ਵੇਖਾਲਿਆ ਸਬਦੇ ਸੋਝੀ ਪਾਈ॥
ਪੁਰਖੈ ਸੇਵਹਿ ਸੇ ਪੁਰਖ ਹੋਵਹਿ ਜਿਨੀ ਹਉਮੈ ਸਬਦਿ ਜਲਾਈ॥
ਤਿਸ ਕਾ ਸਰੀਕੁ ਕੋ ਨਹੀ ਨਾ ਕੋ ਕੰਟਕੁ ਵੈਰਾਈ॥
ਨਿਹਚਲ ਰਾਜੁ ਹੈ ਸਦਾ ਤਿਸੁ ਕੇਰਾ ਨਾ ਆਵੈ ਨਾ ਜਾਈ॥ (੫੯੧)

– ਅੰਤਰਿ ਗਿਆਨੁ ਨ ਆਇਓ ਜਿਤੁ ਕਿਛੁ ਸੋਝੀ ਪਾਇ॥ ਵਿਣੁ ਡਿਠਾ ਕਿਆ ਸਾਲਾਹੀਐ ਅੰਧਾ ਅੰਧੁ ਕਮਾਇ॥
ਨਾਨਕ ਸਬਦੁ ਪਛਾਣੀਐ ਨਾਮੁ ਵਸੈ ਮਨਿ ਆਇ॥ (੬੪੬)

– ਅਦ੍ਰਿਸਟੁ ਅਗੋਚਰੁ ਪਕੜਿਆ ਗੁਰ ਸਬਦੀ ਹਉ ਸਤਿਗੁਰ ਕੈ ਬਲਿਹਾਰੀਐ॥ (੧੧੧੪)

– ਅਦਿਸਟੁ ਦਿਸੈ ਤਾ ਕਹਿਆ ਜਾਇ॥ ਬਿਨੁ ਦੇਖੇ ਕਹਣਾ ਬਿਰਥਾ ਜਾਇ॥
ਗੁਰਮੁਖਿ ਦੀਸੈ ਸਹਜਿ ਸੁਭਾਇ॥ ਸੇਵਾ ਸੁਰਤਿ ਏਕ ਲਿਵ ਲਾਇ॥ (੨੨੨)

ਸਤਿਗੁਰੂ ਹੁਣ ਆਪਣੀ ਗਵਾਹੀ ਦਿੰਦੇ ਹਨ ਕਿ ਅਸਾਂ ਉਸ ਹਸਤੀ ਨੂੰ ਡਿੱਠਾ ਹੈ, ਉਹ ਵਹਿਮੀ ਜਾਂ ਦਲੀਲੀ ਨਹੀਂ।

– ਹਰਿ ਕੇ ਸੰਤ ਸੁਣਹੁ ਜਨ ਭਾਈ ਹਰਿ ਸਤਿਗੁਰ ਕੀ ਇਕ ਸਾਖੀ॥
ਜਿਸੁ ਧੁਰਿ ਭਾਗੁ ਹੋਵੈ ਮੁਖਿ ਮਸਤਕਿ ਤਿਨਿ ਜਨਿ ਲੈ ਹਿਰਦੈ ਰਾਖੀ॥
ਹਰਿ ਅੰਮ੍ਰਿਤ ਕਥਾ ਸਰੇਸਟ ਊਤਮ ਗੁਰ ਬਚਨੀ ਸਹਜੇ ਚਾਖੀ॥
ਤਹ ਭਇਆ ਪ੍ਰਗਾਸੁ ਮਿਟਿਆ ਅੰਧਿਆਰਾ ਜਿਉ ਸੂਰਜ ਰੈਣਿ ਕਿਰਾਖੀ॥
ਅਦਿਸਟੁ ਅਗੋਚਰੁ ਅਲਖੁ ਨਿਰੰਜਨੁ ਸੋ ਦੇਖਿਆ ਗੁਰਮੁਖਿ ਆਖੀ॥ (੮੭)

ਕਿਸ ਰੂਪ ਵਿੱਚ ਉਸਦੀ ਹੋਂਦ ਨੂੰ ਅਨੁਭਵ ਕੀਤਾ ਹੈ? ਆਪਣੀ ਸ੍ਰਿਸ਼ਟੀ ਵਿੱਚ ਵਿਆਪਕ, ਹੁਕਮ ਵਿੱਚ ਚਲਾਉਂਦਾ ਤੇ ਵਿਗਸਦਾ ਹੈ।

– ਸੋ ਅੰਤਰਿ ਸੋ ਬਾਹਰਿ ਅਨੰਤ॥ ਘਟਿ ਘਟਿ ਬਿਆਪਿ ਰਹਿਆ ਭਗਵੰਤ॥
ਧਰਨਿ ਮਾਹਿ ਆਕਾਸ ਪਇਆਲ॥ ਸਰਬ ਲੋਕ ਪੂਰਨ ਪ੍ਰਤਿਪਾਲ॥
ਬਨਿ ਤਿਨਿ ਪਰਬਤਿ ਹੈ ਪਾਰਬ੍ਰਹਮੁ॥ ਜੈਸੀ ਆਗਿਆ ਤੈਸਾ ਕਰਮੁ॥
ਪਉਣ ਪਾਣੀ ਬੈਸੰਤਰ ਮਾਹਿ॥ ਚਾਰਿ ਕੁੰਟ ਦਹ ਦਿਸੇ ਸਮਾਹਿ॥
ਤਿਸ ਤੇ ਭਿੰਨ ਨਹੀ ਕੋ ਠਾਉ॥ ਗੁਰ ਪ੍ਰਸਾਦਿ ਨਾਨਕ ਸੁਖੁ ਪਾਉ॥
ਬੇਦ ਪੁਰਾਨ ਸਿੰਮ੍ਰਿਤਿ ਮਹਿ ਦੇਖੁ॥ ਸਸੀਅਰ ਸੂਰ ਨਖ੍ਯ੍ਰ ਮਹਿ ਏਕੁ॥
ਬਾਣੀ ਪ੍ਰਭ ਕੀ ਸਭੁ ਕੋ ਬੋਲੈ॥ ਆਪਿ ਅਡੋਲੁ ਨ ਕਬਹੂ ਡੋਲੈ॥
ਸਰਬ ਕਲਾ ਕਰਿ ਖੇਲੈ ਖੇਲ॥ ਮੋਲਿ ਨ ਪਾਈਐ ਗੁਣਹ ਅਮੋਲ॥
ਸਰਬ ਜੋਤਿ ਮਹਿ ਜਾ ਕੀ ਜੋਤਿ॥ ਧਾਰਿ ਰਹਿਓ ਸੁਆਮੀ ਓਤਿ ਪੋਤਿ॥
ਗੁਰ ਪਰਸਾਦਿ ਭਰਮ ਕਾ ਨਾਸੁ॥ ਨਾਨਕ ਤਿਨ ਮਹਿ ਏਹੁ ਬਿਸਾਸੁ॥ (੨੯੩)

– ਆਪੇ ਰਾਜਨੁ ਆਪੇ ਲੋਗਾ॥ ਆਪਿ ਨਿਰਬਾਣੀ ਆਪੇ ਭੋਗਾ॥
ਆਪੇ ਤਖਤਿ ਬਹੈ ਸਚੁ ਨਿਆਈ ਸਭ ਚੂਕੀ ਕੂਕ ਪੁਕਾਰਿਆ ਜੀਉ॥
ਜੇਹਾ ਡਿਠਾ ਮੈ ਤੇਹੋ ਕਹਿਆ॥ ਤਿਸੁ ਰਸੁ ਆਇਆ ਜਿਨਿ ਭੇਦੁ ਲਹਿਆ॥
ਜੋਤੀ ਜੋਤਿ ਮਿਲੀ ਸੁਖੁ ਪਾਇਆ ਜਨ ਨਾਨਕ ਇਕੁ ਪਸਾਰਿਆ ਜੀਉ॥ (੯੭)

– ਜੈਸਾ ਸਾ ਤੈਸਾ ਦ੍ਰਿਸਟਾਇਆ॥ ਅਪੁਨੇ ਕਾਰਜ ਮਹਿ ਆਪਿ ਸਮਾਇਆ॥
ਸੋਧਤ ਸੋਧਤ ਸੋਧਤ ਸੀਝਿਆ॥ ਗੁਰ ਪ੍ਰਸਾਦਿ ਤਤੁ ਸਭੁ ਬੂਝਿਆ॥
ਜਬ ਦੇਖਉ ਤਬ ਸਭੁ ਕਿਛੁ ਮੂਲੁ ॥ ਨਾਨਕ ਸੋ ਸੂਖਮੁ ਸੋਈ ਅਸਥੂਲੁ॥ (੨੯੧)

ਇਹ ਗੁਣ ਉਸ ਹਸਤੀ ਦੇ ਗੁਰਬਾਣੀ ਵਿੱਚ ਦੱਸੇ ਗਏ ਹਨ ਜਿਸ ਹਸਤੀ ਤੋਂ ਇਸ ਸੰਸਾਰ ਦੀ ਉਤਪਤੀ ਹੈ ਅਤੇ ਮਨੁੱਖੀ ਜੀਵਨ ਦਾ ਅਰਥ ਸਤਿਗੁਰੂ ਇਹ ਦੱਸਦੇ ਹਨ ਕਿ ਮਨੁੱਖ ਉਸਨੂੰ ਸਾਖਿਆਤ ਕਰੇ।